# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-09-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਬਕਾਇਆ ਮਾਮਲਿਆਂ ਨੂੰ ਘਟਾਉਣਾ, ਨਿਆਂਪਾਲਿਕਾ ਦੇ ਸਾਹਮਣੇ ਵੱਡੀ ਚੁਣੌਤੀ ਏ ।

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ, ਸੈਨਿਕ ਸਕੂਲਾਂ ਵਿੱਚ ਲੜਕੀਆਂ ਦੇ ਦਾਖਲੇ ਦੇ ਫੈਸਲੇ ਨੂੰ ਇੱਕ ਤਬਦੀਲੀ ਲਿਆਉਣ ਵਾਲਾ ਕਦਮ ਦੱਸਿਆ ਏ ।

- ਸਿੱਖ ਪੰਥ ਦੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ 363ਵਾਂ ਜਨਮ ਦਿਹਾੜਾ ਮਨਾਉਣ ਲਈ, ਅੰਮ੍ਰਿਤਸਰ ਤੋਂ ਪਟਨਾ ਸਾਹਿਬ ਤੱਕ, ਵਿਸ਼ੇਸ਼ ਰੇਲਗੱਡੀ ਰਾਹੀਂ, 2175 ਤੋਂ ਵੱਧ ਸ਼ਰਧਾਲੂ ਰਵਾਨਾ ਹੋਏ।

- ਦੇਸ਼ ਭਰ ਵਿੱਚ ਅੱਜ ਤੋਂ ਰਾਸ਼ਟਰੀ ਪੋਸ਼ਣ ਹਫ਼ਤਾ ਮਨਾਇਆ ਜਾ ਰਿਹਾ ਏ -ਪੰਜਾਬ ਭਰ ਵਿਚ, ਪੋਸ਼ਣ ਮਹੀਨੇ ਵਜੋਂ, 'ਇੱਕ ਬੂਟਾ ਆਪਣੀ ਮਾਂ ਦੇ ਨਾਮ' ਤੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਬਕਾਇਆ ਮਾਮਲਿਆਂ ਨੂੰ ਘਟਾਉਣਾ ਨਿਆਂਪਾਲਿਕਾ ਦੇ ਸਾਹਮਣੇ ਵੱਡੀ ਚੁਣੌਤੀ ਏ । ਅੱਜ ਸ਼ਾਮ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ, ਜ਼ਿਲ੍ਹਾ ਨਿਆਂਪਾਲਿਕਾ ਦੀ ਦੋ ਦਿਨਾਂ ਕੌਮੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਮੁਰਮੂ ਨੇ ਕਿਹਾ **BYTE:**

ਰਾਸ਼ਟਰਪਤੀ ਮੁਰਮੂ ਨੇ ਇਸ ਮੌਕੇ ਸਰਵਉੱਚ ਅਦਾਲਤ ਦੇ ਨਵੇਂ ਝੰਡੇ ਅਤੇ ਪ੍ਰਤੀਕ ਦਾ ਉਦਘਾਟਨ ਕਰਦਿਆਂ ਕਿਹਾ ।

**BYTE:**

ਕਾਨੂੰਨ ਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਮਾਣ ਪ੍ਰਗਟਾਇਆ ਕਿ ਸਰਵਉੱਚ ਅਦਾਲਤ ਨੇ 75 ਸਾਲਾਂ ਦਾ ਸਫ਼ਰ ਪੂਰਾ ਕਰ ਲਿਆ ਏ। ਉਨ੍ਹਾਂ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਨ ਵਾਲੇ ਨਾਗਰਿਕਾਂ

ਲਈ, ਨਿਆਂ ਪ੍ਰਣਾਲੀ ਦਾ ਇੱਕ ਵਧੀਆ ਵਾਤਾਵਰਣ ਉਪਲਬਧ ਹੋਣਾ ਚਾਹੀਦਾ ਏ ਤਾਂ ਜੋ ਉਹ ਆਪਣੀ ਵਿਅਕਤੀਗਤ ਅਤੇ ਸਮੂਹਿਕ ਸਮਰੱਥਾ ਨੂੰ ਰਾਸ਼ਟਰ ਨਿਰਮਾਣ ਲਈ ਸਮਰਪਿਤ ਕਰ ਸਕਣ। ਭਾਰਤ ਦੇ ਚੀਫ਼ ਜਸਟਿਸ, ਡੀ.ਵਾਈ. ਚੰਦਰਚੂੜ ਨੇ ਕਿਹਾ ਕਿ ਬਕਾਇਆ ਮਾਮਲਿਆਂ ਘਟਾਉਣ ਬਾਰੇ ਕਮੇਟੀ ਨੇ ਕੇਸ ਪ੍ਰਬੰਧਨ ਵਲੋਂ ਬਕਾਇਆ ਮਾਮਲਿਆਂ ਨੂੰ ਘਟਾਉਣ ਲਈ ਇੱਕ ਕਾਰਜ ਯੋਜਨਾ ਤਿਆਰ ਕੀਤੀ ਏ। ਉਸਨੇ ਕਿਹਾ ਕਿ ਬੈਕਲਾਗ ਨਾਲ ਨਜਿੱਠਣ ਲਈ ਕੁਝ ਹੋਰ ਰਣਨੀਤੀਆਂ ਵਿੱਚ ਮੁਕੱਦਮੇਬਾਜ਼ੀ ਤੋਂ ਪਹਿਲਾਂ ਵਿਵਾਦ ਦਾ ਹੱਲ ਸ਼ਾਮਲ ਏ। ਚੀਫ਼ ਜਸਟਿਸ ਨੇ ਕਿਹਾ ਕਿ ਸਰਵਉੱਚ ਅਦਾਲਤ ਨੇ ਹਾਲ ਹੀ ਵਿੱਚ ਆਪਣੀ ਪਹਿਲੀ ਕੌਮੀ ਲੋਕ ਅਦਾਲਤ ਦਾ ਸਮਾਪਨ ਕੀਤਾ ਏ, ਜਿਸ ਵਿੱਚ ਪੰਜ ਕਾਰਜਕਾਰੀ ਦਿਨਾਂ ਦੇ ਅੰਦਰ ਲਗਭਗ ਇਕ ਹਜ਼ਾਰ ਮਾਮਲਿਆਂ ਦਾ ਨਿਪਟਾਰਾ ਕੀਤਾ ਗਿਆ ਸੀ।

---------------------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ, ਸੈਨਿਕ ਸਕੂਲਾਂ ਵਿੱਚ ਲੜਕੀਆਂ ਦੇ ਦਾਖਲੇ ਦੇ ਫੈਸਲੇ ਨੂੰ ਇੱਕ ਤਬਦੀਲੀ ਲਿਆਉਣ ਵਾਲਾ

ਕਦਮ ਦੱਸਿਆ ਏ। ਉਨ੍ਹਾਂ ਕਿਹਾ ਕਿ ਲਿੰਗ ਸਮਾਨਤਾ ਅਤੇ ਲਿੰਗ ਨਿਆਂ ਦੇ ਖੇਤਰ ਵਿੱਚ ਇਹ, ਇੱਕ ਮਹੱਤਵਪੂਰਨ ਪ੍ਰਗਤੀ ਏ। ਅੱਜ ਦੇਹਰਾਦੂਨ ਵਿੱਚ ਰਾਸ਼ਟਰੀ ਭਾਰਤੀ ਮਿਲਟਰੀ ਕਾਲਜ, ਉੱਤਰਾਖੰਡ ਦੇ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਸ਼੍ਰੀ ਧਨਖੜ ਨੇ ਕਿਹਾ ਕਿ ਲੜਕੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਆਲਮੀ ਭਲਾਈ ਵਿੱਚ ਯੋਗਦਾਨ ਪਾਉਣ ਲਈ ਤਿਆਰ ਕੀਤਾ ਜਾ ਰਿਹਾ ਏ।

---------------------------------------------------------------

ਏਅਰ ਮਾਰਸ਼ਲ ਤੇਜਿੰਦਰ ਸਿੰਘ ਨੇ ਅੱਜ ਭਾਰਤੀ ਹਵਾਈ ਸੈਨਾ ਦੇ 'ਡਿਪਟੀ ਚੀਫ ਆਫ' ਵਜੋਂ ਅਹੁਦਾ ਸੰਭਾਲ ਲਿਆ ਏ। ਨਵੀਂ ਦਿੱਲੀ ਵਿਖੇ ਅਹੁਦਾ ਸੰਭਾਲਣ ਤੋਂ ਬਾਅਦ, ਉਨ੍ਹਾਂ ਨੇ ਰਾਸ਼ਟਰੀ ਜੰਗੀ ਯਾਦਗਾਰ ਵਿਖੇ ਸਰਵਉੱਚ ਕੁਰਬਾਨੀ ਕਰਨ ਵਾਲੇ ਨਾਇਕਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਏਅਰ ਮਾਰਸ਼ਲ ਤੇਜਿੰਦਰ ਸਿੰਘ ਰਾਸ਼ਟਰੀ ਰਖਿਆ ਅਕਾਦਮੀ ਦੇ ਸਾਬਕਾ ਵਿਦਿਆਰਥੀ ਨੇ। 13 ਜੂਨ 1987 ਨੂੰ, ਉਨ੍ਹਾਂ ਨੂੰ ਭਾਰਤੀ ਹਵਾਈ ਸੈਨਾ ਦੇ ਲੜਾਕੂ ਡਵੀਜ਼ਨ ਵਿੱਚ ਸ਼ਾਮਲ ਕੀਤਾ ਗਿਆ ਸੀ। ਉਹ, ਰਖਿਆ ਸੇਵਾ ਸਟਾਫ ਕਾਲਜ ਅਤੇ ਰਾਸ਼ਟਰੀ ਰਖਿਆ

ਕਾਲਜ ਦੇ ਸਾਬਕਾ ਵਿਦਿਆਰਥੀ ਵੀ ਨੇ । ਉਨ੍ਹਾਂ ਸਾਲ 2007 ਵਿੱਚ ਵਾਯੂ ਸੈਨਾ ਮੈਡਲ ਅਤੇ 2022 ਵਿੱਚ ਅਤਿ ਵਿਸ਼ਿਸ਼ਟ ਸੇਵਾ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ ।

----------------------------------------------------------

ਸਿੱਖ ਪੰਥ ਦੇ ਸ਼੍ਰੋਮਣੀ ਸ਼ਹੀਦ, ਰੰਗਰੇਟੇ ਗੁਰੂ ਕੇ ਬੇਟੇ ਬਾਬਾ ਜੀਵਨ ਸਿੰਘ ਜੀ ਦਾ 363ਵਾਂ ਜਨਮ ਦਿਹਾੜਾ ਮਨਾਉਣ ਲਈ, ਅੰਮ੍ਰਿਤਸਰ ਤੋਂ ਪਟਨਾ ਸਾਹਿਬ ਤੱਕ, ਵਿਸ਼ੇਸ਼ ਰੇਲਗੱਡੀ ਰਾਹੀਂ, 2175 ਤੋਂ ਵੱਧ ਸ਼ਰਧਾਲੂ ਰਵਾਨਾ ਹੋਏ । ਇਹ ਸ਼ਰਧਾਲੂ ਪਟਨਾ ਸਾਹਿਬ ਵਿਖੇ ਜਾ ਕੇ ਬਾਬਾ ਜੀਵਨ ਸਿੰਘ ਜੀ ਦਾ 363ਵਾਂ ਜਨਮ ਦਿਹਾੜਾ, ਬਾਬਾ ਜੀ ਦੇ ਅਸਥਾਨ ਪਟਨਾ ਸਾਹਿਬ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਉਣਗੇ। ਸ਼ਰਧਾਲੂਆਂ ਨੇ ਦਸਿਆ ਕਿ ਇਸ ਵਾਰ 25ਵਾਂ ਚੇਤਨਾ ਮਾਰਚ, ਸ੍ਰੀ ਅਕਾਲ ਤਖਤ ਸਾਹਿਬ ਤੋਂ ਸ਼ੁਰੂ ਹੋਇਆ ਏ ਜੋ ਪਟਨਾ ਸਾਹਿਬ ਤੱਕ ਜਾਵੇਗਾ। ਉਨ੍ਹਾਂ ਦਸਿਆ ਕਿ ਇਸ ਮੌਕੇ ਨਗਰ ਕੀਰਤਨ ਵੀ ਸਜਾਏ ਜਾਣਗੇ ਅਤੇ ਕੀਰਤਨ ਦਰਬਾਰ ਵੀ ਹੋਣਗੇ, ਜਿਸ ਤੋਂ ਬਾਅਦ ਸੰਗਤਾਂ 6 ਸਤੰਬਰ ਨੂੰ ਵਾਪਸ ਆਪਣੇ ਘਰਾਂ ਨੂੰ ਜਾਣਗੀਆਂ। ਪੂਰੇ

ਭਾਰਤ ਤੋਂ ਸੰਗਤਾਂ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਮਨਾਉਣ ਵਾਸਤੇ ਪਹੁੰਚ ਰਹੀਆਂ ਨੇ। ਉਹਨਾਂ ਨੇ ਅੰਮ੍ਰਿਤਸਰ ਤੋਂ ਵਿਸ਼ੇਸ਼ ਰੇਲ ਗੱਡੀ ਚਲਵਾਉਣ ਲਈ ਕੇਂਦਰ ਸਰਕਾਰ ਤੇ ਮੰਤਰੀਆਂ ਦਾ ਧੰਨਵਾਦ ਕੀਤਾ।

---------------------------------------------------

ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ, ਅੱਜ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਤੋਂ, ਸ੍ਰੀ ਗੋਇੰਦਵਾਲ ਸਾਹਿਬ ਲਈ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਪੰਥਕ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਸਰਕੇ ਨਗਰ ਸਿੱਖ ਧਰਮ ਇਤਿਹਾਸ ਅੰਦਰ ਬਹੁਤ ਅਹਿਮੀਅਤ ਵਾਲਾ ਏ, ਕਿਉਂਕਿ ਇਥੇ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦਾ

ਪ੍ਰਕਾਸ਼ ਹੋਇਆ ਏ । ਇਸ ਤੋਂ ਇਲਾਵਾ ਇਹ ਨਗਰ ਸ੍ਰੀ ਗੁਰੂ ਰਾਮਦਾਸ ਜੀ ਦਾ ਨਾਨਕਾ ਪਿੰਡ ਵੀ ਏ ਅਤੇ ਭਾਈ ਗੁਰਦਾਸ ਜੀ ਵੀ ਇਸੇ ਨਗਰ ਤੋਂ ਹੋਏ ਨੇ। ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਜੀ ਵੀ ਇਸੇ ਨਗਰ ਵਿਚ ਵਿਆਹੇ ਹੋਏ ਸਨ। ਏਨੇ ਵੱਡੇ ਇਤਿਹਾਸਕ ਮਹੱਤਵ ਵਾਲੇ ਨਗਰ ਨੂੰ ਉਭਾਰਨ ਵੱਲ ਕੌਮ ਨੂੰ ਤਵੱਜੋਂ ਦੇਣੀ ਚਾਹੀਦੀ ਏ । ਉਨ੍ਹਾਂ ਕਿਹਾ ਕਿ 450 ਸਾਲਾ ਸ਼ਤਾਬਦੀ ਸਮਾਗਮਾਂ ਦੇ ਚਲਦਿਆਂ ਵੱਡੀ ਲੋੜ ਏ  ਕਿ ਇਸ ਮਹਾਨ ਇਤਿਹਾਸਕ ਨਗਰ ਦੇ ਇਤਿਹਾਸ ਨੂੰ ਵੱਧ ਤੋਂ ਵੱਧ ਪ੍ਰਚਾਰਿਆ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਅਪੀਲ ਕੀਤੀ ਕਿ 16 ਤੋਂ 18 ਸਤੰਬਰ ਤੱਕ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਣ ਵਾਲੇ ਮੁੱਖ ਸ਼ਤਾਬਦੀ ਸਮਾਗਮਾਂ ਦਾ ਹਿੱਸਾ ਜ਼ਰੂਰ ਬਣਿਆ ਜਾਵੇ।

--------------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਚੱਲ ਰਹੀ, ਸ਼੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ, ਯੂਨੀਵਰਸਿਟੀ ਦਾ 17ਵਾਂ ਸਥਾਪਨਾ ਦਿਵਸ ਮਨਾਇਆ

ਗਿਆ। ਇਸ ਮੌਕੇ  ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਭੋਗ ਪਾਏ ਜਾਣ ਉਪਰੰਤ ਕੀਰਤਨ ਅਤੇ ਢਾਡੀ ਵਾਰਾਂ ਦਾ ਗਾਇਨ ਵੀ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ,  ਯੂਨੀਵਰਸਿਟੀ ਟਰੱਸਟ ਦੇ ਮੈਂਬਰ ਸਕੱਤਰ ਹਰਪਾਲ ਸਿੰਘ ਭਾਟੀਆ ਸਮੇਤ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਵੱਲੋਂ ਸ਼ਮੂਲੀਅਤ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਗਤਕਾ ਹੇਠ ਦਾ ਪ੍ਰਦਰਸ਼ਨ ਵੀ ਕੀਤਾ ਗਿਆ।

---------------------------------------------------------------

ਦੇਸ਼ ਭਰ ਵਿੱਚ ਅੱਜ ਤੋਂ ਰਾਸ਼ਟਰੀ ਪੋਸ਼ਣ ਹਫ਼ਤਾ ਮਨਾਇਆ ਜਾ ਰਿਹਾ ਏ। ਇਹ ਹਰ ਸਾਲ ਪਹਿਲੀ  ਸਤੰਬਰ ਤੋਂ 7 ਸਤੰਬਰ ਤੱਕ ਮਨਾਇਆ ਜਾਂਦਾ ਏ। ਇਹ ਸਾਲਾਨਾ ਪ੍ਰੋਗਰਾਮ 1982 ਵਿੱਚ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਖੁਰਾਕ ਅਤੇ ਪੋਸ਼ਣ ਬੋਰਡ ਦੁਆਰਾ ਸ਼ੁਰੂ ਕੀਤਾ ਗਿਆ ਸੀ। ਪੋਸ਼ਣ ਹਫ਼ਤੇ ਦਾ ਉਦੇਸ਼ ਲੋਕਾਂ ਵਿੱਚ ਪੋਸ਼ਣ ਅਤੇ ਸਿਹਤ

ਜਾਗਰੂਕਤਾ ਨੂੰ ਵਧਾਉਣਾ ਏ ਜੋ ਉਤਪਾਦਕਤਾ, ਆਰਥਿਕ ਵਿਕਾਸ ਅਤੇ ਦੇਸ਼ ਦੇ ਵਿਕਾਸ ਲਈ ਮਹੱਤਵਪੂਰਨ ਏ । ਇਸ ਦਾ ਉਦੇਸ਼ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ, ਵੱਖ-ਵੱਖ ਉਮਰ ਸਮੂਹਾਂ ਦੀਆਂ ਪੋਸ਼ਣ ਸੰਬੰਧੀ ਲੋੜਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਵੀ ਏ । ਇਸ ਹਫਤੇ ਦੌਰਾਨ ਸਰਕਾਰੀ ਅਤੇ ਗੈਰ-ਸਰਕਾਰੀ ਸੰਸਥਾਵਾਂ ਵਲੋਂ ਕਰਵਾਏ ਜਾਣ ਵਾਲੇ ਪੋਸ਼ਣ ਸੰਬੰਧੀ ਸਿੱਖਿਆ ਅਤੇ ਸਿਖਲਾਈ ਪ੍ਰੋਗਰਾਮਾਂ 'ਤੇ ਵੱਡਾ ਜ਼ੋਰ ਦਿੱਤਾ ਜਾਵੇਗਾ। ਪੋਸ਼ਣ ਹਫ਼ਤੇ ਦੇ ਦੌਰਾਨ, ਦੇਸ਼ ਭਰ ਵਿੱਚ ਕਈ ਸੈਮੀਨਾਰ, ਵਰਕਸ਼ਾਪ, ਵਿਦਿਅਕ ਪ੍ਰੋਗਰਾਮ, ਕਾਨਫਰੰਸਾਂ ਅਤੇ ਜਨ ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾਵੇਗਾ। ਇਹ ਗਤੀਵਿਧੀਆਂ, ਲੋਕਾਂ ਨੂੰ ਸੰਤੁਲਿਤ ਖੁਰਾਕ ਬਣਾਈ ਰੱਖਣ ਦੇ ਲਾਭ, ਸਹੀ ਪੋਸ਼ਣ ਦੇ ਸਕਾਰਾਤਮਕ ਪ੍ਰਭਾਵਾਂ, ਮਾੜੀਆਂ ਖੁਰਾਕ ਦੀਆਂ ਆਦਤਾਂ ਨਾਲ ਜੁੜੀਆਂ ਬਿਮਾਰੀਆਂ ਨੂੰ ਰੋਕਣ ਦੇ ਤਰੀਕਿਆਂ, ਅਤੇ ਪੋਸ਼ਣ ਸੰਬੰਧੀ ਕਮੀਆਂ ਨੂੰ ਦੂਰ ਕਰਨ ਦੀਆਂ ਰਣਨੀਤੀਆਂ ਬਾਰੇ ਜਾਗਰੂਕ ਕਰਨ ਲਈ ਤਿਆਰ ਕੀਤੀਆਂ ਗਈਆਂ ਨੇ ।

------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਵਿਭਾਗ ਵੱਲੋਂ ਵੀ ਅੱਜ ਤੋਂ, ਪੋਸ਼ਣ ਮਹੀਨੇ ਵਜੋਂ ਸੂਬੇ ਵਿੱਚ 'ਇੱਕ ਬੂਟਾ ਆਪਣੀ ਮਾਂ ਦੇ ਨਾਮ' ਤੇ ਲਗਾਉਣ ਦੀ ਮੁਹਿੰਮ ਅੱਜ ਤੋਂ ਸ਼ੁਰੂ ਕੀਤੀ ਗਈ ਏ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਹਰਾ ਭਰਾ ਬਣਾਉਣ ਦੇ ਸੰਕਲਪ ਦੀ ਪ੍ਰੇਰਣਾ ਨਾਲ, ਇਕ ਬੂਟਾ ਆਪਣੀ ਮਾਂ ਦੇ ਨਾਮ- ਪੋਸ਼ਣ ਮਹੀਨੇ ਦੌਰਾਨ ਮੁੱਖ ਵਿਸ਼ਾ ਰੱਖਿਆ ਗਿਆ ਏ । ਉਨ੍ਹਾਂ ਦੱਸਿਆ ਕਿ ਗੰਧਲਾ ਹੋ ਰਿਹਾ ਵਾਤਾਵਰਨ, ਅੱਜ ਪੂਰੀ ਮਨੁੱਖਤਾ ਲਈ ਇਕ ਵੱਡੀ ਚੁਣੌਤੀ ਏ ਅਤੇ ਇਸ ਧਰਤੀ ਤੇ ਮਾਨਵ ਜਾਤੀ ਦਾ ਭਵਿੱਖ ਅਸੁਰੱਖਿਅਤ ਹੋ ਰਿਹਾ ਏ। ਇਸ ਲਈ ਜਰੂਰੀ ਏ ਕਿ ਜਿਆਦਾ ਤੋਂ ਜਿਆਦਾ ਬੂਟੇ ਲਗਾਏ ਜਾਣ ਅਤੇ ਉਨ੍ਹਾਂ ਨੂੰ ਸੰਭਾਲਿਆਂ ਵੀ ਜਾਵੇ। ਮੰਤਰੀ ਨੇ ਦੱਸਿਆ ਕਿ ਇਸ ਅਭਿਆਨ ਤਹਿਤ ਆਪਣੀ ਮਾਂ ਦੇ ਨਾਮ ਤੇ ਬੂਟੇ ਲਗਾਉਣ ਦੀ ਮੁਹਿੰਮ, ਇਸ ਲਈ ਸ਼ੁਰੂ ਕੀਤੀ ਗਈ ਏ ਤਾਂ ਕਿ ਇਸ ਮੁਹਿੰਮ ਤਹਿਤ ਲਗਾਏ ਬੂਟਿਆਂ ਨਾਲ ਲਗਾਉਣ ਵਾਲਿਆਂ ਦੀ ਭਾਵਨਾਤਮਕ ਸਾਂਝ ਪਾਈ ਜਾ ਸਕੇ । ਉਨ੍ਹਾਂ ਨੇ ਇਸ ਮੁਹਿੰਮ ਨਾਲ

ਹਰੇਕ ਪਰਿਵਾਰ ਨੂੰ ਜੁੜਨ ਦਾ ਸੱਦਾ ਦਿੱਤਾ। ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਵਿਭਾਗ ਦਾ ਸਟਾਫ ਆਂਗਣਵਾੜੀ ਵਰਕਰਾਂ, ਹੈਲਪਰਾਂ, ਸੁਪਰਵਾਈਜ਼ਰਾਂ ਅਤੇ ਸੀ.ਡੀ.ਪੀ.ਓਜ਼ ਵੱਲੋਂ ਗੈਰ ਸਰਕਾਰੀ ਸੰਸਥਾਵਾਂ, ਆਸ਼ਾ ਵਰਕਰਾਂ, ANMs, ਖੇਤੀਬਾੜੀ ਸਭਾਵਾਂ, ਸਹਿਕਾਰੀ ਸਭਾਵਾਂ, ਸਵੈ-ਸਹਾਇਤਾ ਸਮੂਹਾਂ ਅਤੇ ਯੂਥ ਕਲੱਬਾਂ ਨਾਲ ਮਿਲ ਕੇ ਕੰਮ ਕੀਤਾ ਜਾ ਰਿਹਾ ਏ। ਮੰਤਰੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਖ਼ੂਨ ਦੀ ਕਮੀ ਯਾਨੀ ਅਨੀਮੀਆ ਅਤੇ ਢੁਕਵੀਂ ਸਾਫ-ਸਫਾਈ ਬਾਰੇ ਜਾਗਰੂਕਤਾ ਫੈਲਾਉਣ 'ਤੇ ਧਿਆਨ ਦਿੱਤਾ ਜਾਵੇਗਾ। ਇਸ ਦਾ ਉਦੇਸ਼ ਲੋਕਾਂ ਖ਼ਾਸ ਕਰਕੇ ਔਰਤਾਂ ਨੂੰ ਕਸਰਤ ਅਤੇ ਵਾਤਾਵਰਣ ਸੁਧਾਰ ਦੇ ਨਾਲ-ਨਾਲ ਸਿਹਤਮੰਦ ਅਤੇ ਪੌਸ਼ਟਿਕ ਖੁਰਾਕ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਏ।

------------------------------------------------------------

ਸੂਬੇ ਵਿੱਚ ਪਸ਼ੂਆਂ ਦੀ ਨਸਲ ਵਿੱਚ ਸੁਧਾਰ ਕਰਕੇ ਦੁੱਧ ਦੇ ਉਤਪਾਦਨ ਅਤੇ ਪਸ਼ੂਆਂ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਣ ਦੇ ਉਦੇਸ਼ ਨਾਲ, ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਸੂਬੇ ਭਰ ਵਿੱਚ

ਸਾਲਾਨਾ 30 ਲੱਖ ਦੁਧਾਰੂ ਪਸ਼ੂਆਂ ਦੇ ਮਸਨੂਈ ਗਰਭਧਾਰਨ ਦਾ ਟੀਚਾ ਮਿੱਥਿਆ ਏ। ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਨਾਭਾ ਅਤੇ ਰੋਪੜ ਵਿਖੇ ਦੋ ਸੀਮਨ ਸਟੇਸ਼ਨ ਨੇ। ਉਨ੍ਹਾਂ ਦੱਸਿਆ ਕਿ ਪਸ਼ੂਧਨ ਦੀ ਜੈਨੇਟਿਕ ਗੁਣਾਂ ਨੂੰ ਬਿਹਤਰ ਬਣਾਉਣ ਵਾਸਤੇ ਚੰਗੀ ਗੁਣਵੱਤਾ ਦੇ ਵੀਰਜ ਉਤਪਾਦਨ ਲਈ ਨਾਭਾ ਦੇ ਏ-ਗਰੇਡ ਸੀਮਨ ਸਟੇਸ਼ਨ 'ਤੇ ਕੁੱਲ 93 ਸਾਨ੍ਹ ਰੱਖੇ ਗਏ ਨੇ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਨੀਲੀ ਰਾਵੀ ਲਈ, ਪੈਡੀਗਿਰੀ ਸਿਲੈਕਸ਼ਨ ਅਤੇ ਮੁਰ੍ਹਾ ਤੇ ਸਾਹੀਵਾਲ ਲਈ ਪ੍ਰੋਜਨੀ ਟੈਸਟਿੰਗ ਪ੍ਰਾਜੈਕਟ ਸ਼ੁਰੂ ਕੀਤੇ ਨੇ। ਇਹ ਪ੍ਰਾਜੈਕਟ ਰਾਸ਼ਟਰੀ ਗੋਕੁਲ ਮਿਸ਼ਨ ਤਹਿਤ, ਰਾਸ਼ਟਰੀ ਡੇਅਰੀ ਵਿਕਾਸ ਬੋਰਡ ਰਾਹੀਂ ਮੁਰ੍ਹਾ, ਸਾਹੀਵਾਲ ਅਤੇ ਨੀਲੀ ਰਾਵੀ ਨਸਲਾਂ ਦੇ ਜੈਨੇਟਿਕ ਗੁਣਾਂ ਨੂੰ ਸੁਧਾਰਨ 'ਤੇ ਕੇਂਦਰਿਤ ਨੇ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੀ.ਟੀ.-ਮੁਰ੍ਹਾ ਪ੍ਰਾਜੈਕਟ ਪਟਿਆਲਾ, ਬਰਨਾਲਾ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚ ਲਾਗੂ ਕੀਤਾ ਗਿਆ ਏ  ਜਦੋਂਕਿ ਪੀ.ਟੀ.-ਸਾਹੀਵਾਲ ਪ੍ਰਾਜੈਕਟ ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿੱਚ  ਇਸਦੇ ਨਾਲ ਹੀ

ਪੀ.ਐਸ.-ਨੀਲੀ ਰਾਵੀ ਪ੍ਰਾਜੈਕਟ ਪੰਜਾਬ ਦੇ ਅੰਮ੍ਰਿਤਸਰ, ਤਰਨ ਤਾਰਨ ਅਤੇ ਫਿਰੋਜ਼ਪੁਰ ਜ਼ਿਲ੍ਹਿਆਂ ਵਿੱਚ ਲਾਗੂ ਏ । ਉਨ੍ਹਾਂ ਦੱਸਿਆ ਕਿ 2019 ਤੋਂ 26 ਤੱਕ ਇਨ੍ਹਾਂ ਪ੍ਰਾਜੈਕਟਾਂ ਦਾ ਕੁੱਲ ਖਰਚ ਲਗਭਗ 57 ਕਰੋੜ ਰੁਪਏ ਏ।

---------------------------------------------------

ਮਾਨਸਾ ਜ਼ਿਲ੍ਹੇ ਦੇ ਬੁਢਲਾਡਾ-ਭੀਖੀ ਸੜਕ ’ਤੇ ਬੀਤੀ ਰਾਤ ਇੱਕ ਟਰੱਕ ਅਤੇ ਮੋਟਰਸਾਈਕਲ ਦਰਮਿਆਨ ਹੋਈ ਆਹਮੋ-ਸਾਹਮਣਿਓ ਟੱਕਰ ਵਿੱਚ, ਮੋਟਰਸਾਇਕਲ ਸਵਾਰ ਮੁੰਡੇ ਅਤੇ ਕੁੜੀ ਦੀ ਮੌਤ ਹੋ ਗਈ। ਪੁਲੀਸ ਨੇ ਬਣਦੀ ਕਾਰਵਾਈ ਮੁਕੰਮਲ ਕਰਨ ਉਪਰੰਤ ਮ੍ਰਿਤਕ ਦੇਹਾਂ ਨੂੰ ਵਾਰਸਾਂ ਹਵਾਲੇ ਕਰ ਦਿੱਤਾ ਏ । ਮਿਲੀ ਜਾਣਕਾਰੀ ਅਨੁਸਾਰ ਮੋਟਰਸਾਈਕਲ ’ਤੇ ਸਵਾਰ ਹੋਕੇ ਯਾਦਵਿੰਦਰ ਸਿੰਘ ਅਤੇ ਜਸ਼ਨਦੀਪ ਕੌਰ ਬੁਢਲਾਡਾ ਵਾਲੇ ਪਾਸੇ ਤੋਂ ਭੀਖੀ ਵੱਲ ਆ ਰਹੇ ਸਨ ਤਾ ਜਿਵੇ ਹੀ ਪਿੰਡ ਬੋੜਾਵਾਲ ਵਿਖੇ ਰੋਇਲ ਕਾਲਜ ਕੋਲ ਪਹੁੰਚਿਆ ਤਾਂ ਮੋਟਰਸਾਈਕਲ ਅੱਗੇ ਕੋਈ ਅਵਾਰਾ ਪਸ਼ੂ ਆ ਗਿਆ, ਜਿਸਤੋਂ ਬਚਾਅ ਕਰਦਿਆਂ ਮੋਟਰਸਾਈਕਲ ਸਾਹਮਣੇ ਤੋਂ ਆ ਰਹੇ ਟਰੱਕ ਨਾਲ ਟਕਰਾ

ਗਿਆ। ਇਸ ਹਾਦਸੇ ਦੌਰਾਨ ਮੋਟਰਸਾਈਕਲ ਸਵਾਰ ਦੋਵਾਂ ਜਨਾ ਦੀ ਮੌਤ ਹੋ ਗਈ।

---------------------------------------------------------

## ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਬਕਾਇਆ ਮਾਮਲਿਆਂ ਨੂੰ ਘਟਾਉਣਾ, ਨਿਆਂਪਾਲਿਕਾ ਦੇ ਸਾਹਮਣੇ ਵੱਡੀ ਚੁਣੌਤੀ ਏ ।
- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ, ਸੈਨਿਕ ਸਕੂਲਾਂ ਵਿੱਚ ਲੜਕੀਆਂ ਦੇ ਦਾਖਲੇ ਦੇ ਫੈਸਲੇ ਨੂੰ ਇੱਕ ਤਬਦੀਲੀ ਲਿਆਉਣ ਵਾਲਾ ਕਦਮ ਦੱਸਿਆ ਏ ।
- ਸਿੱਖ ਪੰਥ ਦੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ 363ਵਾਂ ਜਨਮ ਦਿਹਾੜਾ ਮਨਾਉਣ ਲਈ, ਅੰਮ੍ਰਿਤਸਰ ਤੋਂ ਪਟਨਾ ਸਾਹਿਬ ਤੱਕ, ਵਿਸ਼ੇਸ਼ ਰੇਲਗੱਡੀ ਰਾਹੀਂ, 2175 ਤੋਂ ਵੱਧ ਸ਼ਰਧਾਲੂ ਰਵਾਨਾ ਹੋਏ।

- ਦੇਸ਼ ਭਰ ਵਿੱਚ ਅੱਜ ਤੋਂ ਰਾਸ਼ਟਰੀ ਪੋਸ਼ਣ ਹਫ਼ਤਾ ਮਨਾਇਆ ਜਾ ਰਿਹਾ ਏ -ਪੰਜਾਬ ਭਰ ਵਿਚ, ਪੋਸ਼ਣ ਮਹੀਨੇ ਵਜੋਂ, 'ਇੱਕ ਬੂਟਾ ਆਪਣੀ ਮਾਂ ਦੇ ਨਾਮ' ਤੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ।